# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 10-08-2025**

**ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਬੈਂਗਲੁਰੂ ਦੇ KSR ਰੇਲਵੇ ਸਟੇਸ਼ਨ ਤੋਂ, ਮਾਤਾ ਵੈਸ਼ਨੋ ਦੇਵੀ ਕਟੜਾ-ਅੰਮ੍ਰਿਤਸਰ ਸਮੇਤ, ਤਿੰਨ ਵੰਦੇ ਭਾਰਤ ਰੇਲ ਗੱਡੀਆਂ ਨੂੰ ਝੰਡੀ ਦਿਖਾ ਕੇ ਰਵਾਨਾ ਕੀਤਾ I
- ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ-ਅੰਮ੍ਰਿਤਸਰ ਵੰਦੇ ਭਾਰਤ ਐਕਸਪ੍ਰੈਸ ਰੇਲਗੱਡੀ ਦਾ ਸਵਾਗਤ ਕਰਨ ਲਈ ਪਠਾਨਕੋਟ, ਜਲੰਧਰ ਸ਼ਹਿਰ, ਬਿਆਸ ਅਤੇ ਅੰਮ੍ਰਿਤਸਰ ਰੇਲਵੇ ਸਟੇਸ਼ਨਾਂ 'ਤੇ ਸਮਾਗਮਾਂ ਦਾ ਆਯੋਜਨ ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ - ਪੰਜਾਬ ਸਰਕਾਰ ਮਹਾਨ ਸ਼ਹੀਦਾਂ ਦੇ ਨਕਸ਼ੇ ਕਦਮਾਂ ’ਤੇ ਚਲਦਿਆਂ ਸੂਬੇ ਦੇ ਵਿਕਾਸ ਲਈ ਭਲਾਈ ਕਾਰਜਾਂ ਨੂੰ ਯਕੀਨੀ ਬਣਾ ਰਹੀ ਏ ।

- ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਪਟਿਆਲਾ ਦਿਹਾਤੀ ਖੇਤਰਾਂ ਦੀ ਸਾਫ਼ ਸਫ਼ਾਈ , ਸੜਕਾਂ ਦੀ ਹਾਲਤ ਅਤੇ ਸੀਵਰੇਜ ਦੀ ਅਚਨਚੇਤ ਚੈਕਿੰਗ I
- ਜੰਮੂ-ਕਸ਼ਮੀਰ ਦੇ ਕੁਲਗਾਮ ਵਿੱਚ ਕੱਲ੍ਹ ਹੋਏ ਮੁਕਾਬਲੇ ਵਿੱਚ ਸ਼ਹੀਦ ਹੋਏ ਪੰਜਾਬ ਦੇ ਦੋ ਭਾਰਤੀ ਫੌਜ ਦੇ ਜਵਾਨਾਂ ਦਾ ਅੰਤਿਮ ਸੰਸਕਾਰ ਅੱਜ ਉਨ੍ਹਾਂ ਦੇ ਜੱਦੀ ਪਿੰਡ ਵਿਚ ਪੂਰੇ ਫੌਜੀ ਸਨਮਾਨਾਂ ਨਾਲ ਕੀਤਾ ਗਿਆ।

**ਹੁਣ ਖਬਰਾਂ ਵਿਸਥਾਰ ਨਾਲ.....**

---------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਬੈਂਗਲੁਰੂ ਦੇ KSR ਰੇਲਵੇ ਸਟੇਸ਼ਨ ਤੋਂ ਤਿੰਨ ਵੰਦੇ ਭਾਰਤ ਰੇਲ ਗੱਡੀਆਂ ਨੂੰ ਝੰਡੀ ਦਿਖਾ ਕੇ ਰਵਾਨਾ ਕੀਤਾ । ਇਨ੍ਹਾਂ ਵਿੱਚ ਸ੍ਰੀ ਮਾਤਾ ਵੈਸ਼ਨੋਦੇਵੀ ਕਟੜਾ-ਅੰਮ੍ਰਿਤਸਰ, ਬੈਂਗਲੁਰੂ-ਬੇਲਾਗਵੀ ਅਤੇ ਨਾਗਪੁਰ-ਪੁਣੇ ਵੰਦੇ ਭਾਰਤ ਰੇਲ ਗੱਡੀਆਂ ਸ਼ਾਮਲ ਨੇ। ਇਸ ਨਾਲ ਹੁਣ ਪੰਜਾਬ ਤੇ ਜੰਮੂ-ਕਸ਼ਮੀਰ ‘ਚ ਕੁਲ 5 ਵੰਦੇ ਭਾਰਤ ਰੇਲਗੱਡੀਆਂ ਉਪਲਬਧ ਹੋਣਗੀਆਂ ਤੇ ਪੰਜਾਬ ਅਤੇ ਜੰਮੂ-ਕਸ਼ਮੀਰ ‘ਚ ਸੈਰ ਸਪਾਟੇ ਅਤੇ ਆਰਥਿਕ ਗਤੀਵਿਧੀਆਂ ’ਚ ਤੇਜ਼ੀ ਆਏਗੀ । ਸ੍ਰੀ ਮਾਤਾ ਵੈਸ਼ਨੋ ਦੇਵੀ ਕਟੜਾ-ਅੰਮ੍ਰਿਤਸਰ ਵੰਦੇ ਭਾਰਤ ਐਕਸਪ੍ਰੈਸ ਰੇਲਗੱਡੀ ਜੰਮੂ-ਤਵੀ , ਪਠਾਨਕੋਟ ਕੈਂਟ, ਜਲੰਧਰ ਸ਼ਹਿਰ

ਅਤੇ ਬਿਆਸ ‘ਤੇ ਰੁਕੇਗੀ I ਦੇਸ਼ਭਰ ‘ਚ ਫਿਲਹਾਲ 144 ਵੰਦੇ ਭਾਰਤ ਰੇਲਗੱਡੀਆਂ ਚਲ ਰਹੀਆਂ ਨੇ I ਇਹਨਾਂ ਤਿੰਨ ਰੇਲ ਗੱਡੀਆਂ ਦੇ ਜੁੜਨ ਨਾਲ ਦੇਸ਼ ਭਰ ਵਿਚ ਵੰਦੇ ਭਾਰਤ ਰੇਲ ਸੇਵਾਵਾਂ ਦੀ ਗਿਣਤੀ 150 ਹੋ ਜਾਏਗੀ I ਪ੍ਰਧਾਨ ਮੰਤਰੀ ਮੋਦੀ ਨੇ ਅੱਜ ਸ਼ੁਰੂ ਹੋਈਆਂ ਰੇਲਗੱਡੀਆਂ ਬਾਰੇ ਕਿਹਾ IBYTE:

ਇਸ ਮੌਕੇ ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾਕਿ ਪ੍ਰਧਾਨ ਮੰਤਰੀ ਰੇਲਵੇ ਦੇ ਵਿਕਾਸ ਲਈ ਵਚਨਬੱਧ ਨੇ I BYTE:

--------------------------------------------------------------------------

ਉੱਤਰੀ ਰੇਲਵੇ ਦੇ ਫਿਰੋਜ਼ਪੁਰ ਸੀਨੀਅਰ ਡਿਵੀਜ਼ਨਲ ਕਮਰਸ਼ੀਅਲ ਮੈਨੇਜਰ ਪਰਮਦੀਪ ਸਿੰਘ ਸੈਣੀ ਨੇ ਦਸਿਆ ਕਿ ਉਤਰੀ ਰੇਲਵੇ ਵਲੋਂ ਸ੍ਰੀ ਮਾਤਾ ਵੈਸ਼ਨੋ ਦੇਵੀ ਕਟੜਾ-ਅੰਮ੍ਰਿਤਸਰ ਵੰਦੇ ਭਾਰਤ ਐਕਸਪ੍ਰੈਸ ਰੇਲਗੱਡੀ ਦਾ ਸਵਾਗਤ ਕਰਨ ਲਈ ਜਲੰਧਰ ਸ਼ਹਿਰ, ਬਿਆਸ ਅਤੇ ਅੰਮ੍ਰਿਤਸਰ ਰੇਲਵੇ ਸਟੇਸ਼ਨਾਂ 'ਤੇ ਸਮਾਗਮ ਕੀਤੇ ਗਏ । ਪੰਜਾਬ BJP ਦੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਪਠਾਨਕੋਟ ਕੈਂਟ ਰੇਲਵੇ ਸਟੇਸ਼ਨ 'ਤੇ ਆਯੋਜਿਤ ਪ੍ਰੋਗਰਾਮ ਵਿੱਚ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ । ਉਨ੍ਹਾਂ ਇਹ ਨੂੰ ਪੰਜਾਬ ਲਈ ਇੱਕ ਇਤਿਹਾਸਕ ਦਿਨ ਕਰਾਰ ਦਿੰਦਿਆਂ ਇਸ ਲਈ ਉਨ੍ਹਾਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਧੰਨਵਾਦ ਕੀਤਾ । BYTE:

ਜਲੰਧਰ ਸ਼ਹਿਰ, ਬਿਆਸ ਅਤੇ ਅੰਮ੍ਰਿਤਸਰ ਰੇਲਵੇ ਸਟੇਸ਼ਨਾਂ 'ਤੇ ਆਯੋਜਿਤ ਸਵਾਗਤ ਸਮਾਗਮਾਂ ਪਤਵੰਤੇ ਮੌਜੂਦ ਰਹੇ । ਇਸੇ ਦੌਰਾਨ ਵੰਦੇ ਭਾਰਤ ਐਕਸਪ੍ਰੈਸ ਰੇਲਗੱਡੀ ਦੇ ਜਲੰਧਰ ਸ਼ਹਿਰ ਵਿਖੇ ਪਹੁੰਚਣ 'ਤੇ ਭਰਵਾਂ ਸਵਾਗਤ ਕੀਤਾ ਗਿਆ । ਸੀਨੀਅਰ BJP ਆਗੂ ਮਨੋਰੰਜਨ ਕਾਲੀਆ ਨੇ ਕਿਹਾ BYTE:

ਇਸ ਮੌਕੇ ਵੰਦੇ ਭਾਰਤ ਐਕਸਪ੍ਰੈਸ ਰੇਲਗੱਡੀ ਵਿਚ ਸਫ਼ਰ ਕਰਨ ਵਾਲੀ ਇਕ ਵਿਧਿਆਰਥਨ ਨੇ ਕਿਹਾBYTE:

ਓਧਰ ਅੰਮ੍ਰਿਤਸਰ ਵਿਚ ਲੋਕ ਸਭਾ ਮੈਂਬਰ ਗੁਰਜੀਤ ਔਜਲਾ ਅਤੇ BJP ਆਗੂ ਸ਼ਵੇਤ ਮਲਿਕ ਨੇ ਸਮਾਗਮ 'ਚ ਸ਼ਮੂਲੀਅਤ ਕਰਦਿਆਂ ਵੰਡੇ ਭਾਰਤ ਰੇਲਗੱਡੀ ਦਾ ਸਵਾਗਤ ਕੀਤਾ । ਜਲੰਧਰ ਤੋਂ 100 ਵਿਦਿਆਰਥੀ ਰੇਲਗੱਡੀ 'ਚ ਬੈਠ ਅੰਮ੍ਰਿਤਸਰ ਪਹੁੰਚੇ । ਰੇਲ ਗੱਡੀ ਰਾਤ ਨੂੰ 10 ਵਜੇ ਕਟੜਾ ਪਹੁੰਚੇਗੀ ।

---

ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਸ੍ਰੀ ਮਾਤਾ ਵੈਸ਼ਣੋ ਦੇਵੀ ਕਟਰਾ ਅਤੇ ਅੰਮ੍ਰਿਤਸਰ ਵਿਚਕਾਰ ਨਵੀਂ ਵੰਦੇ ਭਾਰਤ ਐਕਸਪ੍ਰੈੱਸ ਦੀ ਸ਼ੁਰੂਆਤ ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਰੇਲ ਮੰਤਰੀ ਅਸ਼ਵਨੀ ਵੈਸ਼ਨਵ ਦਾ ਧੰਨਵਾਦ ਕੀਤਾ। ਇਸ ਨੂੰ ਪੰਜਾਬ ਲਈ ਇੱਕ ਮਹੱਤਵਪੂਰਨ ਉਪਲਬਧੀ ਕਰਾਰ ਦਿੰਦਿਆਂ ਮੰਤਰੀ ਨੇ ਕਿਹਾ ਕਿ ਇਹ

ਨਵੀਂ ਉੱਚ ਗਤੀ ਵਾਲੀ ਰੇਲਗੱਡੀ ਨਾ ਸਿਰਫ਼ ਸ਼ਰਧਾਲੂਆਂ ਦੀ ਧਾਰਮਿਕ ਯਾਤਰਾ ਨੂੰ ਆਸਾਨ ਬਣਾਏਗੀ, ਸਗੋਂ ਕਟਰਾ ਅਤੇ ਅੰਮ੍ਰਿਤਸਰ ਵਿਚਕਾਰ ਸੈਰ ਸਪਾਟੇ ਅਤੇ ਵਪਾਰ ਨੂੰ ਵੀ ਵਧਾਏਗੀ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਵੰਦੇ ਭਾਰਤ ਵਲੋਂ ਦਿੱਤਾ ਜਾਣ ਵਾਲਾ ਆਧੁਨਿਕ ਅਤੇ ਆਰਾਮਦਾਇਕ ਸਫ਼ਰ ਤਜਰਬਾ ਇਸ ਖੇਤਰ ਵਿਚ ਆਉਣ-ਜਾਣ ਵਾਲੇ ਮੁਸਾਫ਼ਰਾਂ , ਖਾਸਕਰ ਘਾਟੀ ਵੱਲ ਜਾਣ ਵਾਲਿਆਂ ਨੂੰ ਲਾਭ ਪਹੁੰਚਾਵੇਗਾ। ਨਾਲ ਹੀ ਪਠਾਨਕੋਟ, ਜਲੰਧਰ ਅਤੇ ਬਿਆਸ ਤੋਂ ਸਵਾਰ ਹੋਣ ਵਾਲੇ ਮੁਸਾਫ਼ਰ ਵੀ ਇਸ ਤੋਂ ਲਾਭ ਲੈਣਗੇ । ਉਨ੍ਹਾਂ ਦੱਸਿਆ ਕਿ ਜਲਦੀ ਹੀ ਕਈ ਨਵੇਂ ਰੇਲ ਪਰੋਜੈਕਟਾਂ ਦੀ ਸ਼ੁਰੂਆਤ ਹੋਵੇਗੀ, ਜਿਨ੍ਹਾਂ ਵਿਚ ਨਵੀਆਂ ਰੇਲ ਲਾਈਨਾਂ ਦਾ ਵਿਕਾਸ, ਬਿਹਤਰ ਕਨੈਕਟੀਵਿਟੀ, ਰੋਡ ਓਵਰ ਬ੍ਰਿਜ ਅਤੇ ਰੋਡ ਅੰਡਰ ਬ੍ਰਿਜ ਦਾ ਨਿਰਮਾਣ, ਅਤੇ ਰੇਲਵੇ ਸਟੇਸ਼ਨਾਂ ਦਾ ਨਵੀਨੀਕਰਨ ਸ਼ਾਮਲ ਏ ।

--------------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਪੰਜਾਬ ਸਰਕਾਰ ਮਹਾਨ ਸ਼ਹੀਦਾਂ ਦੇ ਨਕਸ਼ੇ ਕਦਮਾਂ ’ਤੇ ਚਲਦਿਆਂ ਸੂਬੇ ਦੇ ਵਿਕਾਸ ਅਤੇ ਲੋਕਾਂ ਦੀ ਭਲਾਈ ਖਾਸ ਕਰਕੇ ਆਰਥਿਕ ਤੌਰ ’ਤੇ ਕਮਜ਼ੋਰ ਅਤੇ ਵਾਂਝੇ ਵਰਗਾਂ ਲਈ ਭਲਾਈ ਕਾਰਜਾਂ ਨੂੰ ਯਕੀਨੀ ਬਣਾ ਰਹੀ ਏ । ਅੱਜ ਸੰਗਰੂਰ ਜ਼ਿਲੇ ਦੇ ਢਢੋਗਲ ਵਿਖੇ ਸ਼ਹੀਦ ਭਗਤ ਸਿੰਘ

ਢਢੋਗਲ ਦੀ ਬਰਸੀ ਮੌਕੇ ਸਮਾਗਮ ਦੌਰਾਨ ਇਕੱਠ ਨੂੰ ਸੰਬਧੋਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ । BYTE: ਭਗਵੰਤ ਸਿੰਘ ਮਾਨ ਨੇ ਅੱਜ 17 ਕਰੋੜ 21 ਲੱਖ ਰੁਪਏ ਦੀ ਕੁੱਲ ਲਾਗਤ ਵਾਲੇ ਦੋ ਸੜਕੀ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਿਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਸੜਕਾਂ 18 ਫੁੱਟ ਚੌੜੀਆਂ ਹੋਣਗੀਆਂ ਅਤੇ ਠੇਕੇਦਾਰ ਪੰਜ ਸਾਲਾਂ ਲਈ ਸੜਕ ਦੇ ਰੱਖ-ਰਖਾਅ ਲਈ ਵੀ ਜ਼ਿੰਮੇਵਾਰ ਹੋਵੇਗਾ।

------------------------------------------------------------------------

ਪੰਜਾਬ ਸਰਕਾਰ ਦੀ "ਰੰਗਲਾ ਪੰਜਾਬ" ਮੁਹਿੰਮ ਤਹਿਤ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਪਟਿਆਲਾ ਦੇ ਕਈ ਦਿਹਾਤੀ ਖੇਤਰਾਂ 'ਚ ਅਚਨਚੇਤ ਦੌਰਾ ਕੀਤਾ ਉਨ੍ਹਾਂ ਵੱਖ-ਵੱਖ ਥਾਵਾਂ ਦੀ ਸਫ਼ਾਈ, ਸੜਕਾਂ ਦੀ ਹਾਲਤ, ਸੀਵਰੇਜ ਅਤੇ ਹੋਰ ਬੁਨਿਆਦੀ ਸੁਵਿਧਾਵਾਂ ਦੀ ਜਾਂਚ ਕੀਤੀ। ਉਨ੍ਹਾਂ ਇਲਾਕੇ ਦੇ ਪਾਰਕਾਂ, ਮਾਰਕੀਟਾਂ ਅਤੇ ਨਿਵਾਸੀ ਇਲਾਕਿਆਂ ਦਾ ਵਿਸਥਾਰ ਵਿੱਚ ਮੁਆਇਨਾ ਕੀਤਾ ਅਤੇ ਲੋਕਾਂ ਨਾਲ ਰਾਬਤਾ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ। ਡਾ. ਬਲਬੀਰ ਸਿੰਘ ਨੇ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਇਲਾਕੇ 'ਚ ਸੜਕਾਂ ਦੀ ਮੁਰੰਮਤ, ਬਰਸਾਤੀ ਪਾਣੀ ਦੀ ਸੁਚੱਜੀ ਨਿਕਾਸੀ, ਪਾਰਕਾਂ ਦੀ ਸੰਭਾਲ ਅਤੇ ਸੀਵਰੇਜ ਸਿਸਟਮ ਦੀ

ਠੀਕ ਦਿਸ਼ਾ 'ਚ ਕੰਮ ਹੋਣਾ ਚਾਹੀਦਾ ਏ । ਸਿਹਤ ਮੰਤਰੀ ਨੇ ਇਹ ਵੀ ਦੱਸਿਆ ਕਿ ਇਹ ਤਰ੍ਹਾਂ ਦੀ ਚੈਕਿੰਗ ਹੁਣ ਹਰ ਹਫ਼ਤੇ ਕੀਤੀ ਜਾਵੇਗੀ ਤਾਂ ਜੋ ਜ਼ਮੀਨੀ ਹਕੀਕਤਾਂ ਦੀ ਨਿਗਰਾਨੀ ਨਿਰੰਤਰ ਚਲਦੀ ਰਹੇ। ਉਨ੍ਹਾਂ ਨੇ ਇਹ ਵੀ ਹੁਕਮ ਦਿੱਤਾ ਕਿ ਕੂੜਾ ਦਿਨ ਵਿਚ ਦੋ ਵਾਰ ਚੁਕਿਆ ਜਾਵੇ । ਡਾ. ਬਲਬੀਰ ਸਿੰਘ ਨੇ ਡਿਪਟੀ ਮੇਅਰ ਨੂੰ ਨਿਰਦੇਸ਼ ਦਿੱਤੇ ਕਿ ਵਾਰਡ ਅਧਾਰਤ ਕਮੇਟੀਆਂ ਬਣਾਈਆਂ ਜਾਣ ਜੋ ਕਿ ਗਿੱਲੇ ਅਤੇ ਸੁੱਕੇ ਕੂੜੇ ਦੀ ਵੱਖ-ਵੱਖ ਤਰੀਕੇ ਨਾਲ ਚੁਕਾਈ ਅਤੇ ਪ੍ਰਬੰਧਨ ਲਈ ਯੋਜਨਾ ਤਿਆਰ ਕਰਨ । ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸ਼ਹਿਰ 'ਚ ਕੂੜਾ ਨਹੀਂ ਹੋਣਾ ਚਾਹੀਦਾ ਅਤੇ ਨਾ ਹੀ ਜਗਾ-ਜਗਾ ਗੰਦਗੀ ਦੇ ਢੇਰ ਲੱਗਣੇ ਚਾਹੀਦੇ ।

---

ਜੰਮੂ-ਕਸ਼ਮੀਰ ਦੇ ਕੁਲਗਾਮ ਵਿੱਚ ਕੱਲ੍ਹ ਹੋਏ ਮੁਕਾਬਲੇ ਵਿੱਚ ਸ਼ਹੀਦ ਹੋਏ ਪੰਜਾਬ ਦੇ ਰਹਿਣ ਵਾਲੇ ਦੋ ਭਾਰਤੀ ਫੌਜ ਦੇ ਜਵਾਨਾਂ ਦਾ ਅੰਤਿਮ ਸੰਸਕਾਰ ਅੱਜ ਉਨ੍ਹਾਂ ਦੇ ਜੱਦੀ ਪਿੰਡਾਂ ਵਿਚ ਪੂਰੇ ਫੌਜੀ ਸਨਮਾਨਾਂ ਨਾਲ ਕੀਤਾ ਗਿਆ। ਖੰਨਾ ਦੇ ਪਿੰਡ ਮਨੂਪੁਰ ਦੇ ਵਸਨੀਕ ਲੈਫਟੀਨੈਂਟ ਨਾਇਕ ਪ੍ਰਿਤਪਾਲ ਸਿੰਘ ਅਤੇ ਮੰਡੀ ਗੋਬਿੰਦਗੜ੍ਹ ਦੇ ਪਿੰਡ ਬਦੀਨਪੁਰ ਦੇ ਸਿਪਾਹੀ ਹਰਮਿੰਦਰ ਸਿੰਘ, ਜਿਨ੍ਹਾਂ ਨੇ ਦਹਿਸ਼ਤਗਰਦਾਂ ਨਾਲ ਲੜਦੇ ਹੋਏ ਡਿਊਟੀ ਦੌਰਾਨ ਸਰਵਉੱਚ ਕੁਰਬਾਨੀ ਦਿੱਤੀ, ਦੀਆਂ ਦੇਹਾਂ ਅੱਜ ਸਵੇਰੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਸੌਂਪੀਆਂ ਗਈਆਂ ।

ਉਨ੍ਹਾਂ ਨੂੰ ਅੰਤਿਮ ਸ਼ਰਧਾਂਜਲੀ ਦੇਣ ਲਈ ਪਰਿਵਾਰਕ ਮੈਂਬਰ ਤੇ ਲੋਕ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ। ਭਾਰਤੀ ਫੌਜ ਨੇ ਉਨ੍ਹਾਂ ਦੀ ਕੁਰਬਾਨੀ ਦਾ ਸਨਮਾਨ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੀ ਹਿੰਮਤ ਅਤੇ ਸਮਰਪਣ ਹਮੇਸ਼ਾ ਪ੍ਰੇਰਨਾਦਾਇਕ ਰਹੇਗਾ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸੈਨਿਕਾਂ ਦੀ ਭਾਵਨਾ ਅਤੇ ਬਹਾਦਰੀ ਨੂੰ ਸਲਾਮ ਕਰਦੇ ਹੋਏ ਅਤੇ ਉਨ੍ਹਾਂ ਦੀ ਕੁਰਬਾਨੀ 'ਤੇ ਸੋਗ ਪ੍ਰਗਟ ਕਰਦੇ ਹੋਏ ਉਨ੍ਹਾਂ ਦੇ ਰਿਸ਼ਤੇਦਾਰਾਂ ਨੂੰ 1-1 ਕਰੋੜ ਰੁਪਏ ਦਾ ਸਨਮਾਨ ਰਾਸ਼ੀ ਦੇਣ ਦਾ ਐਲਾਨ ਕੀਤਾ। ਚਿਨਾਰ ਕੋਰ ਨੇ ਰਾਸ਼ਟਰ ਲਈ ਡਿਊਟੀ ਦੌਰਾਨ ਬਹਾਦਰਾਂ, ਲੈਫਟੀਨੈਂਟ ਨਾਇਕ ਪ੍ਰਿਤਪਾਲ ਸਿੰਘ ਅਤੇ ਸੈਪ ਹਰਮਿੰਦਰ ਸਿੰਘ ਦੀ ਸਰਵਉੱਚ ਕੁਰਬਾਨੀ ਦਾ ਸਨਮਾਨ ਕੀਤਾ।

---------------------------------------------------------------------------

ਖਾਨ ਵਾਲੀਆਂ ਵਸਤਾਂ ਦੀ ਗੁਣਵੱਤਾ ਨੂੰ ਯਕੀਨੀ ਬਣਾਉਣ ਲਈ ਅੱਜ ਖੁਰਾਕ ਸੁਰੱਖਿਆ ਟੀਮ ਵਲੋਂ ਜਲੰਧਰ ਦੇ ਨੋਟੋਰੀਅਸ ਕਲੱਬ ਦੀ ਜਾਂਚ ਕੀਤੀ ਗਈ । ਇਹ ਜਾਂਚ ਜ਼ਿਲ੍ਹਾ ਸਿਹਤ ਅਫ਼ਸਰ ਡਾ. ਸੁਖਵਿੰਦਰ ਸਿੰਘ ਦੀ ਨਿਗਰਾਨੀ ਹੇਠ ਕੀਤੀ ਗਈ। ਜਾਂਚ ਦੌਰਾਨ ਟੀਮ ਵਲੋਂ ਕਲੱਬ ਦੇ ਵੱਖ ਵੱਖ ਹਿੱਸਿਆਂ ਜਾਂਚ ਕੀਤੀ । ਜਾਂਚ ਦੌਰਾਨ ਦੋ ਸੈਂਪਲ ਜਾਂਚ ਲਈ ਖੁਰਾਕ ਲੈਬਾਰਟਰੀ ਭੇਜ ਦਿੱਤੇ ਗਏ ਹਨ। ਇਸ ਮੌਕੇ ਜਾਂਚ ਅਧਿਕਾਰੀਆਂ ਨੇ ਦੱਸਿਆ ਕਿ ਕਾਨੂੰਨ ਅਨੁਸਾਰ ਲੈਬਾਰਟੀ ਜਾਂਚ

ਰਿਪੋਰਟਾਂ ਆਉਣ ਤੋਂ ਬਾਅਦ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

----------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਬੈਂਗਲੁਰੂ ਦੇ KSR ਰੇਲਵੇ ਸਟੇਸ਼ਨ ਤੋਂ, ਮਾਤਾ ਵੈਸ਼ਨੋ ਦੇਵੀ ਕਟੜਾ-ਅੰਮ੍ਰਿਤਸਰ ਸਮੇਤ, ਤਿੰਨ ਵੰਦੇ ਭਾਰਤ ਰੇਲ ਗੱਡੀਆਂ ਨੂੰ ਝੰਡੀ ਦਿਖਾ ਕੇ ਰਵਾਨਾ ਕੀਤਾ I
- ਸ੍ਰੀ ਮਾਤਾ ਵੈਸ਼ਨੋ ਦੇਵੀ ਕਟੜਾ-ਅੰਮ੍ਰਿਤਸਰ ਵੰਦੇ ਭਾਰਤ ਐਕਸਪ੍ਰੈਸ ਰੇਲਗੱਡੀ ਦਾ ਸਵਾਗਤ ਕਰਨ ਲਈ ਪਠਾਨਕੋਟ, ਜਲੰਧਰ ਸ਼ਹਿਰ, ਬਿਆਸ ਅਤੇ ਅੰਮ੍ਰਿਤਸਰ ਰੇਲਵੇ ਸਟੇਸ਼ਨਾਂ 'ਤੇ ਸਮਾਗਮਾਂ ਦਾ ਆਯੋਜਨ ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ - ਪੰਜਾਬ ਸਰਕਾਰ ਮਹਾਨ ਸ਼ਹੀਦਾਂ ਦੇ ਨਕਸ਼ੇ ਕਦਮਾਂ ’ਤੇ ਚਲਦਿਆਂ ਸੂਬੇ ਦੇ ਵਿਕਾਸ ਲਈ ਭਲਾਈ ਕਾਰਜਾਂ ਨੂੰ ਯਕੀਨੀ ਬਣਾ ਰਹੀ ਏ।
- ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਪਟਿਆਲਾ ਦਿਹਾਤੀ ਖੇਤਰਾਂ ਦੀ ਸਾਫ਼ ਸਫ਼ਾਈ , ਸੜਕਾਂ ਦੀ ਹਾਲਤ ਅਤੇ ਸੀਵਰੇਜ ਦੀ ਅਚਨਚੇਤ ਚੈਕਿੰਗ I

- ਜੰਮੂ-ਕਸ਼ਮੀਰ ਦੇ ਕੁਲਗਾਮ ਵਿੱਚ ਕੱਲ੍ਹ ਸ਼ਹੀਦ ਹੋਏ ਪੰਜਾਬ ਦੇ ਦੋ ਭਾਰਤੀ ਫੌਜ ਦੇ ਜਵਾਨਾਂ ਦਾ ਅੰਤਿਮ ਸੰਸਕਾਰ ਅੱਜ ਉਨ੍ਹਾਂ ਦੇ ਜੱਦੀ ਪਿੰਡਾਂ ਵਿਚ ਪੂਰੇ ਫੌਜੀ ਸਨਮਾਨਾਂ ਨਾਲ ਕੀਤਾ ਗਿਆ ।

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**